# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times    21 ਫਰਵਰੀ 2026 ਦਿਨ ਸ਼ਨੀਵਾਰ    ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਨਵੀਂ ਸਹਿਕਾਰੀ ਸਭਾ ਮਨਜ਼ੂਰ ਕਰਨ ’ਤੇ ਸਪੀਕਰ ਸੰਧਵਾਂ ਦਾ ਧੰਨਵਾਦ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 21 ਫ਼ਰਵਰੀ : ਪਿੰਡ ਕੋਠੇ ਨਾਨਕਸਰ ਵਾਸੀਆਂ ਦੀ ਚਿਰਾਂ ਤੋਂ ਲਟਕਦੀ ਮੰਗ ਪੂਰੀ ਹੋਣ ’ਤੇ ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਪਿੰਡ ਵਾਸੀਆਂ ਵੱਲੋਂ ਕੁਲਤਾਰ ਸਿੰਘ ਸੰਧਵਾਂ, ਸਪੀਕਰ ਪੰਜਾਬ ਵਿਧਾਨ ਸਭਾ ਦਾ ਦਿਲੋਂ ਧੰਨਵਾਦ ਕੀਤਾ ਗਿਆ। ਪਿੰਡ ਦੀ ਵੱਖਰੀ ਸਹਿਕਾਰੀ ਸਭਾ ਮਨਜ਼ੂਰ ਹੋਣ ਨਾਲ ਕਿਸਾਨਾਂ ਨੂੰ ਵੱਡੀ ਸਹੂਲਤ ਮਿਲੇਗੀ ਅਤੇ ਖੇਤੀਬਾੜੀ ਨਾਲ ਸਬੰਧਤ ਕਾਰਜ ਹੋਰ ਆਸਾਨ ਬਣਨਗੇ। ਮਨਪ੍ਰੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਵੱਖਰੀ ਸਹਿਕਾਰੀ ਸਭਾ ਬਣਨ ਨਾਲ ਕਿਸਾਨਾਂ ਨੂੰ



ਕਰਜ਼ੇ, ਖਾਦ-ਬੀਜ ਅਤੇ ਹੋਰ ਸਹੂਲਤਾਂ ਸਥਾਨਕ ਪੱਧਰ ’ਤੇ ਹੀ ਉਪਲਬਧ ਹੋਣਗੀਆਂ, ਜਿਸ ਨਾਲ ਉਨ੍ਹਾਂ ਦਾ ਸਮਾਂ ਅਤੇ ਖਰਚ ਦੋਵਾਂ ਬਚਣਗੇ। ਪਿੰਡ ਵਾਸੀਆਂ ਨੇ ਆਸ ਪ੍ਰਗਟਾਈ ਕਿ ਆਗਾਮੀ ਸਮੇਂ ਵਿੱਚ ਵੀ ਇਲਾਕੇ ਦੇ ਵਿਕਾਸ ਲਈ ਇਸੇ ਤਰ੍ਹਾਂ ਦੇ ਲੋਕ-ਹਿਤੈਸ਼ੀ ਫੈਸਲੇ ਲਏ ਜਾਂਦੇ ਰਹਿਣਗੇ। ਇਸ ਮੌਕੇ ਹੋਰਨਾ ਤੋਂ ਇਲਾਵਾ ਸਰਪੰਚ ਨਾਨਕਸਰ ਸੁਖਮੰਦਰ ਸਿੰਘ ਚਾਹਲ, ਅਜਾਇਬ ਸਿੰਘ (ਚੇਅਰਮੈਨ), ਰਾਜਪ੍ਰੀਤ ਸਿੰਘ, ਜਸਦੀਪ ਸਿੰਘ, ਅੰਗਰੇਜ਼ ਸਿੰਘ, ਪਰਕਾਸ਼ ਸਿੰਘ, ਸ਼ਮਸ਼ੇਰ ਸਿੰਘ ਨਾਨਕਸਰ, ਗੁਰਚਰਨ ਸਿੰਘ, ਅੰਗਰੇਜ਼ ਸਿੰਘ, ਜਸਪ੍ਰੀਤ ਸਿੰਘ, ਸਾਬਕਾ ਸਰਪੰਚ ਰਣਜੀਤ ਸਿੰਘ, ਡਿਪਟੀ ਸਿੰਘ, ਬਲਦੇਵ ਸਿੰਘ, ਗੁਰਦੇਵ ਸਿੰਘ (ਨੰਬਰਦਾਰ), ਲਾਭ ਸਿੰਘ, ਗੁਰਸੇਵਕ ਸਿੰਘ (ਕੈਨੇਡਾ), ਸੂਬਾ ਸਿੰਘ, ਗੁਰਮੁੱਖ ਸਿੰਘ ਅਤੇ ਗੁਰਤੇਜ ਸਿੰਘ ਵੱਲੋਂ ਇਸ ਫੈਸਲੇ ਦਾ ਸਵਾਗਤ ਕੀਤਾ ਗਿਆ।

## ਡਾ. ਅੰਬੇਡਕਰ ਨਗਰ ਧਰਮਸ਼ਾਲਾ ਅਤੇ ਭਵਨ ਦੀ ਮੁਰੰਮਤ ਲਈ 25 ਲੱਖ ਰੁਪਏ ਮਨਜ਼ੂਰ : ਵਿਧਾਇਕ ਸੇਖੋਂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 21 ਫਰਵਰੀ : ਹਲਕਾ ਫ਼ਰੀਦਕੋਟ ਦੇ ਵਸਨੀਕਾਂ ਲਈ ਪੰਜਾਬ ਸਰਕਾਰ ਵੱਲੋਂ ਇਲਾਕੇ ਵਿੱਚ ਦੋ ਮਹੱਤਵਪੂਰਨ ਵਿਕਾਸੀ ਪ੍ਰੋਜੈਕਟਾਂ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ ਹੈ। ਇਹ ਜਾਣਕਾਰੀ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਦਿੱਤੀ। ਵਿਧਾਇਕ ਸੇਖੋਂ ਨੇ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਡਾ. ਅੰਬੇਡਕਰ ਨਗਰ ਵਿਖੇ ਧਰਮਸ਼ਾਲਾ ਵਿੱਚ ਹਾਲ ਦੇ ਨਿਰਮਾਣ ਕਾਰਜ ਲਈ 12.14 ਲੱਖ ਰੁਪਏ ਦੀ ਲਾਗਤ ਮਨਜ਼ੂਰ ਕੀਤੀ ਗਈ ਹੈ, ਜਿਸ ਦਾ ਕਾਰਜ ਪੰਚਾਇਤੀ ਰਾਜ ਵਿਭਾਗ ਵੱਲੋਂ ਤਿਆਰ ਕਰਕੇ ਅਮਲ ਵਿੱਚ ਲਿਆਂਦਾ ਜਾਵੇਗਾ। ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਫ਼ਰੀਦਕੋਟ ਵਿਖੇ ਬੀ.ਆਰ. ਅੰਬੇਡਕਰ ਭਵਨ ਦੇ ਬਾਹਰੀ ਹਿੱਸੇ ਦੀ ਮੁਰੰਮਤ ਲਈ ਟੈਂਡਰ ਜਾਰੀ ਕਰ ਦਿੱਤਾ ਗਿਆ ਹੈ। ਇਸ ਪ੍ਰੋਜੈਕਟ ਦੀ ਅਨੁਮਾਨਿਤ ਲਾਗਤ ਕਰੀਬ 12.51 ਲੱਖ ਰੁਪਏ ਨਿਰਧਾਰਤ ਕੀਤੀ ਗਈ ਹੈ ਅਤੇ ਕੰਮ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਪੂਰਾ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ ਧਰਮਸ਼ਾਲਾ ਵਿੱਚ ਹਾਲ ਦੇ ਨਿਰਮਾਣ ਨਾਲ ਇਲਾਕੇ ਦੇ ਵਸਨੀਕਾਂ ਨੂੰ ਸਮਾਜਿਕ, ਧਾਰਮਿਕ ਅਤੇ ਹੋਰ ਸਮਾਗਮਾਂ ਲਈ ਇੱਕ ਸੁਵਿਧਾਜਨਕ ਅਤੇ ਆਧੁਨਿਕ ਸਥਾਨ ਉਪਲਬਧ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰੇਗਾ। ਉਨ੍ਹਾਂ ਦੱਸਿਆ ਕਿ ਬੀ.ਆਰ. ਅੰਬੇਡਕਰ ਭਵਨ ਦੀ ਬਾਹਰੀ ਮੁਰੰਮਤ ਨਾਲ ਇਮਾਰਤ ਨੂੰ ਮਜ਼ਬੂਤੀ ਅਤੇ ਸੁੰਦਰਤਾ ਮਿਲੇਗੀ, ਜਿਸ ਨਾਲ ਇਥੇ ਆਉਣ ਵਾਲੇ ਲੋਕਾਂ ਨੂੰ ਵਧੀਆ ਸਹੂਲਤਾਂ ਉਪਲਬਧ ਹੋਣਗੀਆਂ। ਇਹ ਦੋਵੇਂ ਵਿਕਾਸੀ ਕਾਰਜ ਹਲਕੇ ਦੇ ਸਰਬਪੱਖੀ ਵਿਕਾਸ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਸਾਬਤ ਹੋਣਗੇ। ਵਿਧਾਇਕ ਸੇਖੋਂ ਨੇ ਦੋਵੇਂ ਪ੍ਰੋਜੈਕਟਾਂ ਦੀ ਮਨਜ਼ੂਰੀ ਲਈ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਅਤੇ ਸੰਬੰਧਤ ਵਿਭਾਗਾਂ ਦੇ ਮੰਤਰੀ ਸਾਹਿਬਾਨ ਦਾ ਦਿਲੋਂ ਧੰਨਵਾਦ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਲਕਾ ਫ਼ਰੀਦਕੋਟ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਹੋਰ ਅਨੇਕਾਂ ਵਿਕਾਸੀ ਪ੍ਰੋਜੈਕਟ ਇਲਾਕੇ ਨੂੰ ਸਮਰਪਿਤ ਕੀਤੇ ਜਾਣਗੇ।

## ਸਪੀਕਰ ਸੰਧਵਾਂ ਨੇ 5 ਕਰੋੜ ਰੁਪਏ ਦੀ ਲਾਗਤ ਨਾਲ 4 ਲਿੰਕ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖੇ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਕੋਟਕਪੂਰਾ, 21 ਫਰਵਰੀ : ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਹਲਕਾ ਕੋਟਕਪੂਰਾ ਵਿੱਚ ਲਗਭਗ 5 ਕਰੋੜ ਰੁਪਏ ਦੀ ਲਾਗਤ ਨਾਲ 4 ਲਿੰਕ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖ ਕੇ ਵਿਕਾਸ ਕਾਰਜਾਂ ਦੀ ਨਵੀਂ ਸ਼ੁਰੂਆਤ ਕੀਤੀ। ਇਨ੍ਹਾਂ ਪ੍ਰੋਜੈਕਟਾਂ ਨਾਲ ਇਲਾਕੇ ਦੀ ਆਵਾਜਾਈ ਪ੍ਰਣਾਲੀ ਮਜ਼ਬੂਤ ਹੋਵੇਗੀ ਅਤੇ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਕਾਰਜਾਂ ਦੇ ਕੰਮ ਲਗਾਤਾਰ ਕਰਵਾਏ ਜਾ ਰਹੇ ਹਨ, ਹਰ ਰੋਜ ਸੜਕਾਂ ਦੇ ਨੀਂਹ ਪੱਥਰ ਰੱਖੇ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਅੱਜ ਹਲਕਾ ਕੋਟਕਪੂਰਾ ਵਿੱਚ 5 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਵਿੱਚ 26.36 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ–ਦੇਵੀਵਾਲਾ–ਸਿਰਸੜੀ–ਕੋਟਸੁੱਖੀਆਂ ਦੀ ਰਿਪੇਅਰ, 2 ਕਰੋੜ 59 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ ਤੋਂ ਕਾਸਮਭੱਟੀ ਦੀ ਰਿਪੇਅਰ, 44.57 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਮੋੜ ਤੋਂ ਸੁਹਾਗ ਦੀ ਰਿਪੇਅਰ ਅਤੇ 47.33 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ–ਮੁਕਤਸਰ ਰੋਡ ਤੋਂ ਕੋਠੇ ਬੇਰ ਵਾਲਾ ਤੋਂ ਦੁਆਰੇਆਣਾ ਰੋਡ ਦੀ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੀ ਰਿਪੇਅਰ ਨਾਲ ਪਿੰਡਾਂ ਦੀਆਂ ਮੰਡੀਆਂ, ਸਕੂਲਾਂ, ਸਿਹਤ ਕੇਂਦਰਾਂ ਅਤੇ ਮੁੱਖ ਸੜਕਾਂ ਨਾਲ ਸੰਪਰਕ ਹੋਰ ਮਜ਼ਬੂਤ ਹੋਵੇਗਾ, ਜਿਸ ਨਾਲ ਆਰਥਿਕ ਸਰਗਰਮੀਆਂ ਨੂੰ ਵੀ ਵਧਾਵਾ ਮਿਲੇਗਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਤੋਂ ਬਿਨਾਂ ਸੂਬੇ ਦਾ ਸਰਬਪੱਖੀ ਵਿਕਾਸ ਸੰਭਵ ਨਹੀਂ ਹੈ ਅਤੇ ਇਸੇ ਮੰਤਵ ਨਾਲ ਸਰਕਾਰ ਵੱਲੋਂ ਰਿਕਾਰਡ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਨੀਤੀਆਂ ਅਨੁਸਾਰ ਕੰਮ ਕਰ ਰਹੀ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ 31 ਮਾਰਚ ਤੱਕ ਪੂਰੇ ਹੋ ਜਾਣਗੇ। ਇਸ ਮੌਕੇ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪਾਰਟੀ ਆਗੂ, ਇਲਾਕਾ ਨਿਵਾਸੀ ਅਤੇ ਵਿਭਾਗੀ ਅਧਿਕਾਰੀ ਵੀ ਹਾਜ਼ਰ ਸਨ।

## ਧੰਨਵਾਦ / ਮਿੰਨੀ ਕਹਾਣੀ

ਵਰਲਡ ਪੰਜਾਬੀ ਟਾਈਮਜ਼
ਮਹਿੰਦਰ ਸਿੰਘ ਮਾਨ




ਦਸਵੀਂ ਦੀ ਸਲਾਨਾ ਪ੍ਰੀਖਿਆ ਦਾ ਅੱਜ ਆਖਰੀ ਪੇਪਰ ਖਤਮ ਹੋਣ ਪਿੱਛੋਂ ਕੇਂਦਰ ਕੰਟਰੋਲਰ (ਸਕੂਲ ਮੁਖੀ) ਨੇ ਨਿਗਰਾਨ ਅਮਲੇ ਲਈ ਚਾਹ-ਪਾਣੀ ਦਾ ਪ੍ਰਬੰਧ ਕੀਤਾ। ਚਾਹ ਦੇ ਨਾਲ ਖਾਣ ਲਈ ਕਈ ਪ੍ਰਕਾਰ ਦੀਆਂ ਚੀਜ਼ਾਂ ਜਿਵੇਂ ਬਰਫੀ, ਕਲਾਕੰਦ, ਰਸਗੁੱਲੇ, ਸਮੋਸੇ ਅਤੇ ਪਨੀਰ ਪਕੌੜੇ ਵੀ ਸਨ। ਸਾਰਿਆਂ ਦੇ ਚਾਹ -ਪਾਣੀ ਪੀਣ ਪਿੱਛੋਂ ਕੇਂਦਰ ਕੰਟਰੋਲਰ ਖੜ੍ਹਾ ਹੋ ਗਿਆ। ਸਭ ਤੋਂ ਪਹਿਲਾਂ ਉਸ ਨੇ ਕੇਂਦਰ ਸੁਪਰਡੈਂਟ ਵੱਲ ਇਸ਼ਾਰਾ ਕਰਕੇ ਆਖਿਆ, “ਇਹ ਸਾਡੇ ਲਾਗੇ ਦੇ ਹਾਈ ਸਕੂਲ ਦੇ ਗਿੱਲ ਸਾਹਿਬ ਨੇ। ਇਨ੍ਹਾਂ ਨੇ ਦਸਾਂ ਪੇਪਰਾਂ ’ਚ ਕਿਸੇ ਵੀ ਵਿਦਿਆਰਥੀ ਨੂੰ ਡਰਾਇਆ, ਧਮਕਾਇਆ ਨਹੀਂ। ਉੱਪਰੋਂ ਆਏ ਚੈਕਿੰਗ ਪਾਰਟੀ ਦੇ ਮੈਂਬਰਾਂ ਦੀਆਂ ਵੀ ਇਨ੍ਹਾਂ ਨੇ ਪੂਰੀਆਂ ਤਸੱਲੀਆਂ ਕਰਾ ਦਿੱਤੀਆਂ ਅਤੇ ਉਹ ਇਹ ਪ੍ਰਭਾਵ ਲੈ ਕੇ ਗਏ ਕਿ ਸਾਡੇ ਪ੍ਰੀਖਿਆ ਕੇਂਦਰ ਵਿੱਚ ਕੋਈ ਨਕਲ ਨਹੀਂ ਹੁੰਦੀ। ਆਸ ਹੈ ਸਾਡੇ ਸਕੂਲ ਦਾ ਨਤੀਜਾ ਐਂਤਕੀਂ ਪਿਛਲੇ ਸਾਲ ਨਾਲੋਂ ਵੀ ਵਧੀਆ ਆਏਗਾ। ਮੈਂ ਗਿੱਲ ਸਾਹਿਬ ਦਾ ਬਹੁਤ, ਬਹੁਤ ਧੰਨਵਾਦ ਕਰਦਾ ਹਾਂ।”

ਇਸ ਤੋਂ ਪਿੱਛੋਂ ਕੇਂਦਰ ਕੰਟਰੋਲਰ ਨੇ ਕੱਲੇ, ਕੱਲੇ ਨਿਗਰਾਨ ਦਾ ਨਾਂ ਲੈ ਕੇ ਦਸਾਂ ਪੇਪਰਾਂ ’ਚ ਉਸ ਵੱਲੋਂ ਪਾਏ ਯੋਗਦਾਨ ਲਈ ਧੰਨਵਾਦ ਕੀਤਾ। ਕੁਲਜੀਤ ਸਿੰਘ ਨੇ ਦਸਾਂ ਪੇਪਰਾਂ ’ਚ ਡਿਪਟੀ ਸੁਪਰਡੈਂਟ ਦੀ ਡਿਊਟੀ ਦਿੱਤੀ ਸੀ ਪਰ ਉਸ ਨੇ ਉਸ ਦਾ ਕੋਈ ਧੰਨਵਾਦ ਨਹੀਂ ਕੀਤਾ। ਇਸ ਦਾ ਕਾਰਨ ਇਹ ਸੀ ਕਿ ਉਸ ਨੇ ਦਸਾਂ ਪੇਪਰਾਂ ਵਿੱਚ ਸੁਪਰਡੈਂਟ ਅਤੇ ਬਾਕੀ ਨਿਗਰਾਨਾਂ ਦੀ ਵਿਦਿਆਰਥੀਆਂ ਨੂੰ ਨਕਲ ਕਰਵਾਉਣ ਵਿੱਚ ਕੋਈ ਸਹਾਇਤਾ ਨਹੀਂ ਕੀਤੀ ਸੀ। ਕੁਲਜੀਤ ਸਿੰਘ ਦਾ ਸਿਰ ਮਾਣ ਨਾਲ ਇਹ ਸੋਚ ਕੇ ਉੱਚਾ ਹੋ ਗਿਆ ਕਿ ਉਹ ਬਾਕੀਆਂ ਨਾਲੋਂ ਕੁਝ ਵੱਖਰਾ ਸੀ।

## “ਸਾਡੇ ਬਜੁਰਗ ਸਾਡਾ ਮਾਣ” ਮੁਹਿੰਮ ਤਹਿਤ ਕੈਂਪ ਆਯੋਜਿਤ

### ਬਜੁਰਗਾਂ ਦੀ ਸਿਹਤ ਸੰਭਾਲ ਅਤੇ ਸਰਕਾਰੀ ਸਹੂਲਤਾਂ ਬਾਰੇ ਕਰਵਾਈ ਗਈ ਜਾਣਕਾਰੀ ਮੁਹੱਈਆ

### ਬਜੁਰਗਾਂ ਦੀ ਮੁਫ਼ਤ ਸਿਹਤ ਜਾਂਚ ਤੋਂ ਇਲਾਵਾ ਵੰਡੀਆਂ ਗਈ ਮੁਫ਼ਤ ਦਵਾਈਆਂ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ





ਬਠਿੰਡਾ, 21 ਫਰਵਰੀ : ਪੰਜਾਬ ਸਰਕਾਰ ਵੱਲੋਂ ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜ਼ੇਸ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ “ਸਾਡੇ ਬਜੁਰਗ ਸਾਡਾ ਮਾਣ” ਮੁਹਿੰਮ ਤਹਿਤ ਅੱਜ ਪੰਚਾਇਤੀ ਧਰਮਸ਼ਾਲਾ, ਗੋਨਿਆਣਾ ਮੰਡੀ ਵਿਖੇ ਮੈਡੀਕਲ ਅਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਬਜੁਰਗਾਂ ਦੀ ਸਿਹਤ ਸੰਭਾਲ ਅਤੇ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਇਹ ਜਾਣਕਾਰੀ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਰਸ਼ਦੀਪ ਕੌਰ ਨੇ ਸਾਂਝੀ ਕੀਤੀ।

ਇਸ ਮੌਕੇ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਰਸ਼ਦੀਪ ਕੌਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੈਂਪ ਦੌਰਾਨ ਡੀ.ਐਲ.ਐਸ.ਏ. ਰਾਹੀਂ ਬਜੁਰਗਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਸੰਬੰਧੀ ਜਾਣਕਾਰੀ ਦਿੱਤੀ ਗਈ, ਜਦਕਿ ਬੈਂਕਿੰਗ ਸੇਵਾਵਾਂ ਅਤੇ ਸਾਈਬਰ ਕਰਾਈਮ ਬਰਾਂਚ ਵੱਲੋਂ ਵਿੱਤੀ ਧੋਖਾਧੜੀ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜੁਰਗਾਂ ਨੂੰ ਸਨਮਾਨਯੋਗ ਅਤੇ ਸੁਰੱਖਿਅਤ ਜੀਵਨ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀ ਭਲਾਈ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਕਿਸੇ ਵੀ ਬਜ਼ੁਰਗ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਦੌਰਾਨ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਰਸ਼ਦੀਪ ਕੌਰ ਵੱਲੋਂ ਬੁਢਾਪਾ ਪੈਨਸ਼ਨ, ਸੀਨੀਅਰ ਸਿਟੀਜਨ ਕਾਰਡ ਅਤੇ ਹੋਰ ਸਮਾਜਿਕ ਸੁਰੱਖਿਆ ਯੋਜਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਬਜੁਰਗਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਸਰਕਾਰੀ ਸਹਾਇਤਾ ਪ੍ਰਣਾਲੀ ਨਾਲ ਜੋੜਨ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ, ਤਾਂ ਜੋ ਉਹ ਆਪਣੀ ਜ਼ਿੰਦਗੀ ਆਤਮਨਿਰਭਰ ਅਤੇ ਆਤਮਗੌਰਵ ਨਾਲ ਜੀ ਸਕਣ।

ਇਸ ਕੈਂਪ ਦੌਰਾਨ ਬਜੁਰਗਾਂ ਦੀ ਮੁਫ਼ਤ ਸਿਹਤ ਦੀ ਜਾਂਚ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ। ਇਸ ਤੋਂ ਇਲਾਵਾ ਮੋਤੀਆਬਿੰਦ ਆਪ੍ਰੇਸ਼ਨ ਲਈ ਪੂਰਵ ਮੁਲਾਂਕਣ ਵੀ ਕੀਤਾ ਗਿਆ, ਤਾਂ ਜੋ ਯੋਗ ਬਜੁਰਗਾਂ ਵੱਲੋਂ ਆਪਣੇ ਮੁਫ਼ਤ ਆਪ੍ਰੇਸ਼ਨ ਕਰਵਾਏ ਜਾ ਸਕਣ।

ਇਸ ਮੌਕੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਸ਼੍ਰੀਮਤੀ ਊਸ਼ਾ ਰਾਣੀ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।


## ਸਪੀਕਰ ਸੰਧਵਾਂ ਨੇ 5 ਕਰੋੜ ਰੁਪਏ ਦੀ ਲਾਗਤ ਨਾਲ 4 ਲਿੰਕ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖੇ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ






ਕੋਟਕਪੂਰਾ, 21 ਫਰਵਰੀ : ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਹਲਕਾ ਕੋਟਕਪੂਰਾ ਵਿੱਚ ਲਗਭਗ 5 ਕਰੋੜ ਰੁਪਏ ਦੀ ਲਾਗਤ ਨਾਲ 4 ਲਿੰਕ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖ ਕੇ ਵਿਕਾਸ ਕਾਰਜਾਂ ਦੀ ਨਵੀਂ ਸ਼ੁਰੂਆਤ ਕੀਤੀ। ਇਨ੍ਹਾਂ ਪ੍ਰੋਜੈਕਟਾਂ ਨਾਲ ਇਲਾਕੇ ਦੀ ਆਵਾਜਾਈ ਪ੍ਰਣਾਲੀ ਮਜ਼ਬੂਤ ਹੋਵੇਗੀ ਅਤੇ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਕਾਰਜਾਂ ਦੇ ਕੰਮ ਲਗਾਤਾਰ ਕਰਵਾਏ ਜਾ ਰਹੇ ਹਨ, ਹਰ ਰੋਜ ਸੜਕਾਂ ਦੇ ਨੀਂਹ ਪੱਥਰ ਰੱਖੇ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਅੱਜ ਹਲਕਾ ਕੋਟਕਪੂਰਾ ਵਿੱਚ 5 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਵਿੱਚ 26.36 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ–ਦੇਵੀਵਾਲਾ–ਸਿਰਸੜੀ–ਕੋਟਸੁੱਖੀਆਂ ਦੀ ਰਿਪੇਅਰ, 2 ਕਰੋੜ 59 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ ਤੋਂ ਕਾਸਮਭੱਟੀ ਦੀ ਰਿਪੇਅਰ, 44.57 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਮੋੜ ਤੋਂ ਸੁਹਾਗ ਦੀ ਰਿਪੇਅਰ ਅਤੇ 47.33 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਕੋਟਕਪੂਰਾ–ਮੁਕਤਸਰ ਰੋਡ ਤੋਂ ਕੋਠੇ ਬੇਰ ਵਾਲਾ ਤੋਂ ਦੁਆਰੇਆਣਾ ਰੋਡ ਦੀ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੀ ਰਿਪੇਅਰ ਨਾਲ ਪਿੰਡਾਂ ਦੀਆਂ ਮੰਡੀਆਂ, ਸਕੂਲਾਂ, ਸਿਹਤ ਕੇਂਦਰਾਂ ਅਤੇ ਮੁੱਖ ਸੜਕਾਂ ਨਾਲ ਸੰਪਰਕ ਹੋਰ ਮਜ਼ਬੂਤ ਹੋਵੇਗਾ, ਜਿਸ ਨਾਲ ਆਰਥਿਕ ਸਰਗਰਮੀਆਂ ਨੂੰ ਵੀ ਵਧਾਵਾ ਮਿਲੇਗਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਤੋਂ ਬਿਨਾਂ ਸੂਬੇ ਦਾ ਸਰਬਪੱਖੀ ਵਿਕਾਸ ਸੰਭਵ ਨਹੀਂ ਹੈ ਅਤੇ ਇਸੇ ਮੰਤਵ ਨਾਲ ਸਰਕਾਰ ਵੱਲੋਂ ਰਿਕਾਰਡ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਨੀਤੀਆਂ ਅਨੁਸਾਰ ਕੰਮ ਕਰ ਰਹੀ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ 31 ਮਾਰਚ ਤੱਕ ਪੂਰੇ ਹੋ ਜਾਣਗੇ। ਇਸ ਮੌਕੇ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪਾਰਟੀ ਆਗੂ, ਇਲਾਕਾ ਨਿਵਾਸੀ ਅਤੇ ਵਿਭਾਗੀ ਅਧਿਕਾਰੀ ਵੀ ਹਾਜ਼ਰ ਸਨ।

## ਡਾ. ਅੰਬੇਡਕਰ ਨਗਰ ਧਰਮਸ਼ਾਲਾ ਅਤੇ ਭਵਨ ਦੀ ਮੁਰੰਮਤ ਲਈ 25 ਲੱਖ ਰੁਪਏ ਮਨਜ਼ੂਰ : ਵਿਧਾਇਕ ਸੇਖੋਂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ





ਕੋਟਕਪੂਰਾ, 21 ਫਰਵਰੀ : ਹਲਕਾ ਫ਼ਰੀਦਕੋਟ ਦੇ ਵਸਨੀਕਾਂ ਲਈ ਪੰਜਾਬ ਸਰਕਾਰ ਵੱਲੋਂ ਇਲਾਕੇ ਵਿੱਚ ਦੋ ਮਹੱਤਵਪੂਰਨ ਵਿਕਾਸੀ ਪ੍ਰੋਜੈਕਟਾਂ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ ਹੈ। ਇਹ ਜਾਣਕਾਰੀ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਦਿੱਤੀ। ਵਿਧਾਇਕ ਸੇਖੋਂ ਨੇ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਡਾ. ਅੰਬੇਡਕਰ ਨਗਰ ਵਿਖੇ ਧਰਮਸ਼ਾਲਾ ਵਿੱਚ ਹਾਲ ਦੇ ਨਿਰਮਾਣ ਕਾਰਜ ਲਈ 12.14 ਲੱਖ ਰੁਪਏ ਦੀ ਲਾਗਤ ਮਨਜ਼ੂਰ ਕੀਤੀ ਗਈ ਹੈ, ਜਿਸ ਦਾ ਕਾਰਜ ਪੰਚਾਇਤੀ ਰਾਜ ਵਿਭਾਗ ਵੱਲੋਂ ਤਿਆਰ ਕਰਕੇ ਅਮਲ ਵਿੱਚ ਲਿਆਂਦਾ ਜਾਵੇਗਾ। ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਫ਼ਰੀਦਕੋਟ ਵਿਖੇ ਬੀ.ਆਰ. ਅੰਬੇਡਕਰ ਭਵਨ ਦੇ ਬਾਹਰੀ ਹਿੱਸੇ ਦੀ ਮੁਰੰਮਤ ਲਈ ਟੈਂਡਰ ਜਾਰੀ ਕਰ ਦਿੱਤਾ ਗਿਆ ਹੈ। ਇਸ ਪ੍ਰੋਜੈਕਟ ਦੀ ਅਨੁਮਾਨਿਤ ਲਾਗਤ ਕਰੀਬ 12.51 ਲੱਖ ਰੁਪਏ ਨਿਰਧਾਰਤ ਕੀਤੀ ਗਈ ਹੈ ਅਤੇ ਕੰਮ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਪੂਰਾ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ ਧਰਮਸ਼ਾਲਾ ਵਿੱਚ ਹਾਲ ਦੇ ਨਿਰਮਾਣ ਨਾਲ ਇਲਾਕੇ ਦੇ ਵਸਨੀਕਾਂ ਨੂੰ ਸਮਾਜਿਕ, ਧਾਰਮਿਕ ਅਤੇ ਹੋਰ ਸਮਾਗਮਾਂ ਲਈ ਇੱਕ ਸੁਵਿਧਾਜਨਕ ਅਤੇ ਆਧੁਨਿਕ ਸਥਾਨ ਉਪਲਬਧ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰੇਗਾ। ਉਨ੍ਹਾਂ ਦੱਸਿਆ ਕਿ ਬੀ.ਆਰ. ਅੰਬੇਡਕਰ ਭਵਨ ਦੀ ਬਾਹਰੀ ਮੁਰੰਮਤ ਨਾਲ ਇਮਾਰਤ ਨੂੰ ਮਜ਼ਬੂਤੀ ਅਤੇ ਸੁੰਦਰਤਾ ਮਿਲੇਗੀ, ਜਿਸ ਨਾਲ ਇਥੇ ਆਉਣ ਵਾਲੇ ਲੋਕਾਂ ਨੂੰ ਵਧੀਆ ਸਹੂਲਤਾਂ ਉਪਲਬਧ ਹੋਣਗੀਆਂ। ਇਹ ਦੋਵੇਂ ਵਿਕਾਸੀ ਕਾਰਜ ਹਲਕੇ ਦੇ ਸਰਬਪੱਖੀ ਵਿਕਾਸ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਸਾਬਤ ਹੋਣਗੇ। ਵਿਧਾਇਕ ਸੇਖੋਂ ਨੇ ਦੋਵੇਂ ਪ੍ਰੋਜੈਕਟਾਂ ਦੀ ਮਨਜ਼ੂਰੀ ਲਈ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਅਤੇ ਸੰਬੰਧਤ ਵਿਭਾਗਾਂ ਦੇ ਮੰਤਰੀ ਸਾਹਿਬਾਨ ਦਾ ਦਿਲੋਂ ਧੰਨਵਾਦ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਲਕਾ ਫ਼ਰੀਦਕੋਟ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਹੋਰ ਅਨੇਕਾਂ ਵਿਕਾਸੀ ਪ੍ਰੋਜੈਕਟ ਇਲਾਕੇ ਨੂੰ ਸਮਰਪਿਤ ਕੀਤੇ ਜਾਣਗੇ।

ਵਰਲਡ ਪੰਜਾਬੀ ਟਾਈਮਜ਼ 21 ਫਰਵਰੀ 2026 ਦਿਨ ਸ਼ਨੀਵਾਰ

## 21 ਫਰਵਰੀ ‘ਤੇ ਵਿਸ਼ੇਸ਼-ਸਿੱਖੀ ਸਿਦਕ ਅਤੇ ਅਣਖ ਦੀ ਮਿਸਾਲ : ਜੈਤੋ ਦਾ ਮੋਰਚਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਜੈਤੋ ਮੋਰਚਾ ਸਿੱਖ ਇਤਿਹਾਸ ਦੀ ਉਹ ਮਹਾਨ ਘਟਨਾ ਹੈ ਜਿਸ ਨੇ ਸਿੱਖ ਕੌਮ ਦੀ ਧਾਰਮਿਕ ਸ਼ਰਧਾ, ਸ਼ਾਂਤਮਈ ਸੰਘਰਸ਼ ਅਤੇ ਇਕਮੁੱਠਤਾ ਨੂੰ ਨਵਾਂ ਹੁਲਾਰਾ ਦਿੱਤਾ। ਇਹ ਮੋਰਚਾ ਪੌਣੇ ਦੋ ਸਾਲ ਤੋਂ ਵੱਧ ਸਮੇਂ ਤੱਕ ਚੱਲਿਆ ਅਤੇ ਇਸ ਦੀ ਸਭ ਤੋਂ ਮਹੱਤਵਪੂਰਨ ਪ੍ਰਾਪਤੀ ਇਹ ਰਹੀ ਕਿ ਬ੍ਰਿਟਿਸ਼ ਹਕੂਮਤ ਨੂੰ ਆਖਿਰਕਾਰ ਸਿੱਖ ਗੁਰਦੁਆਰਿਆਂ ਦੇ ਪ੍ਰਬੰਧ ਸਬੰਧੀ ਕਾਨੂੰਨੀ ਢਾਂਚਾ ਤਿਆਰ ਕਰਨ ਲਈ ਮਜਬੂਰ ਹੋਣਾ ਪਿਆ। ਇਸ ਤਰ੍ਹਾਂ ਇਹ ਅੰਦੋਲਨ ਸਿਰਫ਼ ਧਾਰਮਿਕ ਹੱਕਾਂ ਲਈ ਨਹੀਂ ਸਗੋਂ ਭਾਰਤੀ ਆਜ਼ਾਦੀ ਅੰਦੋਲਨ ਦੀ ਵਿਸ਼ਾਲ ਪਿਠਭੂਮੀ ਵਿੱਚ ਵੀ ਇੱਕ ਅਹਿਮ ਕੜੀ ਵਜੋਂ ਸਾਹਮਣੇ ਆਇਆ।

ਇਸ ਮੋਰਚੇ ਦਾ ਆਰੰਭ 8 ਜੂਨ 1923 ਨੂੰ ਉਸ ਵੇਲੇ ਹੋਇਆ ਜਦੋਂ ਅੰਗਰੇਜ਼ੀ ਹਕੂਮਤ ਨੇ ਨਾਭਾ ਰਿਆਸਤ ਦੇ ਮਹਾਰਾਜਾ ਰਿਪੁਦਮਨ ਸਿੰਘ ਨੂੰ ਗੱਦੀ ਤੋਂ ਜਬਰੀ ਲਾਹ ਕੇ ਰਿਆਸਤ ਵਿੱਚੋਂ ਕੱਢ ਦਿੱਤਾ। ਮਹਾਰਾਜਾ ਰਿਪੁਦਮਨ ਸਿੰਘ ਸਿੱਖ ਜਗਤ ਵਿੱਚ ਬਹੁਤ ਆਦਰਯੋਗ ਅਤੇ ਲੋਕਪ੍ਰਿਯ ਸ਼ਖ਼ਸੀਅਤ ਸਨ। ਉਹ ਸਿੱਖ ਸੁਧਾਰ ਲਹਿਰ ਅਤੇ ਗੁਰਦੁਆਰਾ ਸੁਧਾਰ ਅੰਦੋਲਨ ਪ੍ਰਤੀ ਹਮਦਰਦੀ ਰੱਖਦੇ ਸਨ। ਉਨ੍ਹਾਂ ਦੀ ਬਰਖਾਸਤਗੀ ਸਿੱਖਾਂ ਲਈ ਸਿਰਫ਼ ਰਾਜਸੀ ਮਾਮਲਾ ਨਹੀਂ ਸੀ ਸਗੋਂ ਇਹ ਕੌਮੀ ਅਪਮਾਨ ਸੀ। ਇਸ ਕਾਰਵਾਈ ਨੇ ਪੰਜਾਬ ਭਰ ਵਿੱਚ ਰੋਸ ਦੀ ਲਹਿਰ ਪੈਦਾ ਕਰ ਦਿੱਤੀ। ਅੰਗਰੇਜ਼ੀ ਹਕੂਮਤ ਦੀ ਇਸ ਕਾਰਵਾਈ ਵਿਰੁੱਧ ਰੋਸ ਪ੍ਰਗਟ ਕਰਨ ਲਈ 5 ਅਗਸਤ 1923 ਨੂੰ ਅੰਮ੍ਰਿਤਸਰ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਬੈਠਕ ਹੋਈ ਜਿਸ ਵਿਚ ਮਹਾਰਾਜਾ ਰਿਪੁਦਮਨ ਸਿੰਘ ਪ੍ਰਤੀ ਹਮਦਰਦੀ ਦਾ ਮਤਾ ਪਾਸ ਕੀਤਾ ਗਿਆ ਅਤੇ 9 ਸਤੰਬਰ ਨੂੰ ਮਹਾਰਾਜਾ ਦੇ ਹੱਕ ਵਿਚ ‘ਨਾਭਾ ਦਿਵਸ’ ਮਨਾਉਣ ਦਾ ਐਲਾਨ ਕਰ ਦਿੱਤਾ ਗਿਆ। ਅੰਗਰੇਜ਼ੀ ਹਕੂਮਤ ਵੱਲੋਂ ਮਹਾਰਾਜਾ ਰਿਪੁਦਮਨ ਦੇ ਸਬੰਧ ਵਿਚ ਕੋਈ ਵੀ ਮਤਾ ਪਾਸ ਕਰਨ ਦੀ ਆਗਿਆ ਨਾ ਹੋਣ ਦੇ ਬਾਵਜੂਦ ਸਿੱਖ ਸੰਗਤਾਂ ਵੱਲੋਂ 9 ਸਤੰਬਰ ਨੂੰ ਪੰਜਾਬ ਭਰ ਵਿਚ ਥਾਂ-ਥਾਂ ਮੁਜ਼ਾਹਰੇ ਕੀਤੇ ਗਏ ਅਤੇ ਮਹਾਰਾਜਾ ਦੀ ਬਹਾਲੀ ਦੇ ਮਤੇ ਪਾਸ ਕੀਤੇ ਗਏ।

ਜੈਤੋ ਮੰਡੀ ਵਿਚ ਵੀ ਅਜਿਹਾ ਮੁਜ਼ਾਹਰਾ ਕਰਨ ਉਪਰੰਤ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਦੀਵਾਨ ਸਜਾਇਆ ਗਿਆ ਅਤੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ। ਸਿੱਖਾਂ ਦੇ ਇਸ ਰੋਸ ਤੋਂ ਅੰਗਰੇਜ਼ੀ ਹਕੂਮਤ ਬੇਹੱਦ ਖਫ਼ਾ ਹੋਈ। ਜੈਤੋ ਵਿਖੇ ਅਖੰਡ ਪਾਠਾਂ ਦੀ ਲੜੀ ਨੂੰ ਹਕੂਮਤ ਨੇ ਵੱਡੀ ਬਗਾਵਤ ਵਜੋਂ ਲਿਆ। 14 ਸਤੰਬਰ ਨੂੰ ਜਦੋਂ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਚ ਦੀਵਾਨ ਸਜਿਆ ਹੋਇਆ ਸੀ ਅਤੇ ਸ੍ਰੀ ਗੁਰੂ ਗਰੰਥ ਸਾਹਿਬ ਦਾ ਅਖੰਡ ਪਾਠ ਚੱਲ ਰਿਹਾ ਸੀ ਤਾਂ ਅੰਗਰੇਜ਼ੀ ਹਕੂਮਤ ਦੇ ਹਥਿਆਰਬੰਦ ਸਿਪਾਹੀਆਂ ਨੇ ਗੁਰਦੁਆਰੇ ਅੰਦਰ ਦਾਖ਼ਲ ਹੋ ਕੇ ਉੱਥੇ ਇਕੱਤਰ ਹੋਈ ਸੰਗਤ ਅਤੇ ਸੇਵਾਦਾਰਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਪਾਠ ਕਰ ਰਹੇ ਗ੍ਰੰਥੀ ਸਿੰਘ ਨੂੰ ਗੁਰੂ ਦੀ ਤਾਬਿਆ ‘ਚੋਂ ਬਾਹਰ ਖਿੱਚ ਲਿਆਂਦਾ। ਇਸ ਤਰ੍ਹਾਂ ਚੱਲ ਰਹੇ ਅਖੰਡ ਪਾਠ ਨੂੰ ਖੰਡਿਤ ਕਰ ਦਿੱਤਾ ਗਿਆ।

ਅਖੰਡ ਪਾਠ ਦਾ ਖੰਡਿਤ ਕੀਤਾ ਜਾਣਾ ਸਿੱਖਾਂ ਮਰਯਾਦਾ ਦੀ ਘੋਰ ਉਲੰਘਣਾ ਸੀ ਅਤੇ ਇਸ ਘਟਨਾ ਨੇ ਮਹਾਰਾਜਾ ਦੇ ਰਾਜਸੀ ਸਵਾਲ ਨੂੰ ਧਾਰਮਿਕ ਸਵਾਲ ਬਣਾ ਦਿੱਤਾ। ਇਸ ਤਰ੍ਹਾਂ ਜੈਤੋ ਮੋਰਚੇ ਦਾ ਆਰੰਭ ਹੋਇਆ ਜਿਸ ਦਾ ਮੁੱਖ ਨਿਸ਼ਾਨਾ ਖੰਡਿਤ ਅਖੰਡ ਪਾਠ ਨੂੰ ਮੁੜ ਅਖੰਡਿਤ ਰੂਪ ਵਿਚ ਚਾਲੂ ਕਰਨਾ ਸੀ। ਸਿੱਖਾਂ ਦੀ ਧਾਰਮਿਕ ਜੱਥੇਬੰਦੀ ਨੇ ਇਸ ਮੋਰਚੇ ਦੀ ਕਮਾਨ ਸੰਭਾਲਦਿਆਂ ਅੰਮ੍ਰਿਤਸਰ ਤੋਂ ਹਰ ਰੋਜ਼ 25-25 ਸਿੰਘਾਂ ਦੇ ਜੱਥੇ ਜੈਤੋ ਵੱਲ ਭੇਜਣੇ ਆਰੰਭ ਕਰ ਦਿੱਤੇ। 25 ਸਿੰਘਾਂ ਦਾ ਇਕ ਜੱਥਾ ਹਰ ਰੋਜ਼ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਤੋਂ ਚੱਲ ਕੇ ਜਦੋਂ ਜੈਤੋ ਪਹੁੰਚਦਾ ਤਾਂ ਹਕੂਮਤ ਵੱਲੋਂ ਇਨ੍ਹਾਂ ਸਿੰਘਾਂ ਨੂੰ ਗ੍ਰਿਫਤਾਰ ਕਰ ਲਿਆ ਜਾਂਦਾ ਅਤੇ ਜੰਗਲਾਂ ਵਿਚ ਲਿਜਾ ਕੇ ਛੱਡ ਦਿੱਤਾ ਜਾਂਦਾ।

ਇਸ ਮੋਰਚੇ ਦੀ ਚਰਚਾ ਪੰਜਾਬ ਤੋਂ ਬਾਹਰ ਵੀ ਹੋਣ ਲੱਗੀ। ਦਿੱਲੀ ਵਿਚ ਹੋਏ ਇੰਡੀਅਨ ਨੈਸ਼ਨਲ ਕਾਂਗਰਸ ਦੇ ਇਕ ਇਜਲਾਸ ਵਿਚ ਮਹਾਰਾਜਾ ਨਾਭਾ ਨੂੰ ਗੱਦੀਓਂ ਲਾਹੇ ਜਾਣ ਬਾਰੇ ਅਤੇ ਜੈਤੋ ਦੇ ਧਾਰਮਿਕ ਮੋਰਚੇ ਬਾਰੇ ਕਾਂਗਰਸ ਵੱਲੋਂ ਹਮਦਰਦੀ ਪ੍ਰਗਟ ਕੀਤੀ ਗਈ। ਕਾਂਗਰਸ ਵੱਲੋਂ ਪੰਡਿਤ ਜਵਾਹਰ ਲਾਲ ਨਹਿਰੂ, ਪ੍ਰਿੰਸੀਪਲ ਗਿਡਵਾਨੀ ਅਤੇ ਮਿਸਟਰ ਕੇ. ਸਨਾਤਮ ਨੂੰ ਸਾਰੀ ਸਥਿਤੀ ਦਾ ਜਾਇਜ਼ਾ ਲੈਣ ਲਈ ਜੈਤੋ ਮੰਡੀ ਭੇਜਿਆ ਗਿਆ। ਇਨ੍ਹਾਂ ਤਿੰਨਾਂ ਆਗੂਆਂ ਨੂੰ ਜੈਤੋ ਪੁੱਜਣ ‘ਤੇ ਹੀ ਗ੍ਰਿਫਤਾਰ ਕਰ ਲਿਆ ਗਿਆ ਅਤੇ ਇਕ ਰਾਤ ਜੈਤੋ ਕਿਲੇ ਦੀ ਇਕ ਕੋਠੜੀ ਵਿਚ ਬੰਦ ਕਰਨ ਉਪਰੰਤ ਅਗਲੇ ਦਿਨ ਨਾਭਾ ਜੇਲ੍ਹ ਵਿਚ ਭੇਜ ਦਿੱਤਾ।

29 ਸਤੰਬਰ 1923 ਨੂੰ ਸ਼੍ਰੋਮਣੀ ਗੁਰਦੁਆਰਾ ਕਮੇਟੀ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਹਕੂਮਤ ਦੀ ਦਖ਼ਲਅੰਦਾਜ਼ੀ ਨਾ ਸਹਿਣ ਕਰਨ ਦਾ ਮਤਾ ਪਾਸ ਕੀਤਾ ਗਿਆ ਅਤੇ ਹਰ ਰੋਜ਼ 25-25 ਸਿੰਘਾਂ ਦੇ ਜੱਥੇ ਭੇਜਣ ਨਾਲ ਕੋਈ ਤਸੱਲੀਬਖਸ਼ ਸਿੱਟਾ ਨਿਕਲਦਾ ਨਾ ਵੇਖ ਕੇ ਸੰਘਰਸ਼ ਹੋਰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ ਜਿਸ ਤਹਿਤ 500-500 ਸਿੰਘਾਂ ਦਾ ਜੱਥੇ ਭੇਜਣ ਦਾ ਫੈਸਲਾ ਕੀਤਾ ਗਿਆ। 500 ਸਿੰਘਾਂ ਦਾ ਪਹਿਲਾ ‘ਸ਼ਹੀਦੀ ਜਥਾ’ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਕਰਕੇ ਰਵਾਨਾ ਹੋਇਆ। ਇਸ ਜਥੇ ਨੇ ਪ੍ਰਣ ਕੀਤਾ ਸੀ ਕਿ ਉਹ ਜੈਤੋ ਪਹੁੰਚ ਕੇ ਅਖੰਡ ਪਾਠ ਸਾਹਿਬ ਮੁੜ ਸ਼ੁਰੂ ਕਰਨਗੇ ਭਾਵੇਂ ਇਸ ਲਈ ਉਨ੍ਹਾਂ ਨੂੰ ਆਪਣੀਆਂ ਜਾਨਾਂ ਹੀ ਕਿਉਂ ਨਾ ਵਾਰਨੀਆਂ ਪੈਣ। ਰਸਤੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਇਸ ਜਥੇ ਦਾ ਭਰਵਾਂ ਸਵਾਗਤ ਕੀਤਾ। ਕਾਂਗਰਸੀ ਨੇਤਾ ਡਾਕਟਰ ਕਿਚਲੂ, ਪਿੰਸੀਪਲ ਗਿਡਵਾਨੀ ਅਤੇ ਨਿਊਯਾਰਕ ਟਾਈਮਜ਼ ਦੇ ਪ੍ਰਤੀਨਿਧ ਮਿਸਟਰ ਜ਼ਿੰਮਦ ਵੀ ਕਾਰ ਵਿਚ ਸਵਾਰ ਹੋ ਕੇ ਜਥੇ ਦੇ ਨਾਲ-ਨਾਲ ਚੱਲ ਰਹੇ ਸਨ ਪਰ ਹਕੂਮਤ ਦੇ ਅਹਿਲਕਾਰਾਂ ਨੇ ਇਨ੍ਹਾਂ ਨੇਤਾਵਾਂ ਨੂੰ ਨਾਭਾ ਰਿਆਸਤ ਦੀ ਹੱਦ ਤੋਂ ਅੱਗੇ ਨਹੀਂ ਜਾਣ ਦਿੱਤਾ ਗਿਆ।

ਜਦੋਂ ਇਹ ਜਥਾ ਜੈਤੋ ਦੇ ਨਜ਼ਦੀਕ ਪਹੁੰਚਿਆ ਤਾਂ ਅੰਗਰੇਜ਼ ਪ੍ਰਸ਼ਾਸਕ ਵਿਲਸਨ ਜੌਹਨਸਨ ਨੇ ਜਥੇ ਨੂੰ ਅੱਗੇ ਨਾ ਵਧਣ ਦਾ ਹੁਕਮ ਦਿੱਤਾ। ਪਰ ਸਿੰਘ ਅਡੋਲ ਰਹੇ ਅਤੇ “ਸਤਿ ਸ੍ਰੀ ਅਕਾਲ” ਦੇ ਜੈਕਾਰੇ ਛੱਡਦੇ ਹੋਏ ਅੱਗੇ ਵਧਦੇ ਗਏ। ਅੰਗਰੇਜ਼ੀ ਫੌਜ ਨੇ ਨਿਹੱਥੇ ਸਿੰਘਾਂ ‘ਤੇ ਮਸ਼ੀਨਗੰਨਾਂ ਨਾਲ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਇਸ ਖ਼ੂਨੀ ਕਾਰੇ ਵਿੱਚ ਸੈਂਕੜੇ ਸਿੰਘ ਸ਼ਹੀਦ ਅਤੇ ਜ਼ਖ਼ਮੀ ਹੋਏ। ਸ਼ਰੋਮਣੀ ਕਮੇਟੀ ਅਨੁਸਾਰ ਇਸ ਘਟਨਾ ਵਿਚ 300 ਸਿੰਘ ਗੋਲੀਆਂ ਦਾ ਸ਼ਿਕਾਰ ਹੋਏ ਜਿਨ੍ਹਾਂ ਵਿੱਚੋਂ 100 ਸਿੰਘ ਸ਼ਹਾਦਤ ਹਾਸਲ ਕਰ ਗਏ।

ਇਸ ਕਤਲੇਆਮ ਦੀ ਖ਼ਬਰ ਪੂਰੀ ਦੁਨੀਆ ਵਿੱਚ ਫੈਲ ਗਈ, ਜਿਸ ਨਾਲ ਬ੍ਰਿਟਿਸ਼ ਹਕੂਮਤ ਦੀ ਬਹੁਤ ਬਦਨਾਮੀ ਹੋਈ। ਦੂਜੇ ਪਾਸੇ ਸਿੱਖਾਂ ਦਾ ਖੂਨ ਖੌਲਣ ਲੱਗਾ ਅਤੇ ਮੋਰਚੇ ਵਿਚ ਸ਼ਹਾਦਤ ਪਾਉਣ ਦਾ ਚਾਅ ਠਾਠਾਂ ਮਾਰਨ ਲੱਗਾ। ਲੋਕ ਸ਼ਹੀਦੀ ਜਥਿਆਂ ਵਿਚ ਵਧ ਚੜ੍ਹ ਕੇ ਸ਼ਾਮਲ ਹੋਣ ਲੱਗੇ। ਪਹਿਲੇ ਸ਼ਹੀਦੀ ਜਥੇ ‘ਤੇ ਗੋਲੀ ਚਲਾਏ ਜਾਣ ਦੇ ਬਾਵਜੂਦ ਸਿੱਖਾਂ ਦੇ ਹੌਂਸਲੇ ਨਾ ਸਿਰਫ਼ ਬਾ-ਦਸਤੂਰ ਕਾਇਮ ਰਹੇ ਸਗੋਂ ਸਿੱਖਾਂ ਵਿਚ ਰੋਹ ਤੇ ਜੋਸ਼ ਦਾ ਵਾਧਾ ਹੋਇਆ। ਸਿੱਖਾਂ ਨੇ ਇੱਕ ਤੋਂ ਬਾਅਦ ਇੱਕ 17 ਸ਼ਹੀਦੀ ਜਥੇ ਭੇਜੇ। ਅਖੀਰ ਅੰਗਰੇਜ਼ੀ ਹਕੂਮਤ ਨੂੰ ਝੁਕਣਾ ਪਿਆ ਅਤੇ ਸਰਕਾਰ ਨੇ 21 ਜੁਲਾਈ 1925 ਨੂੰ ਬਿਨਾਂ ਸ਼ਰਤ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਅਖੰਡ ਪਾਠ ਕਰਨ ਦੀ ਇਜਾਜ਼ਤ ਦੇ ਦਿੱਤੀ। ਸਿੱਖ ਸੰਗਤ ਵੱਲੋਂ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ ਮੁੜ ਅਖੰਡ ਪਾਠ ਸ਼ੁਰੂ ਕਰ ਕੇ ਭੋਗ ਪਾਏ ਗਏ। ਇਸ ਮੋਰਚੇ ਦੀ ਸਭ ਤੋਂ ਵੱਡੀ ਪ੍ਰਾਪਤੀ ‘ਸਿੱਖ ਗੁਰਦੁਆਰਾ ਐਕਟ’ ਦਾ ਪਾਸ ਹੋਣਾ ਸੀ। ਇਸ ਐਕਟ ਰਾਹੀਂ ਗੁਰਦੁਆਰਿਆਂ ਦਾ ਪ੍ਰਬੰਧ ਸਿੱਧੇ ਤੌਰ ‘ਤੇ ਸਿੱਖ ਕੌਮ ਦੁਆਰਾ ਚੁਣੀ ਗਈ ਸੰਸਥਾ (ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਦੇ ਹੱਥ ਵਿੱਚ ਆ ਗਿਆ। ਗੁਰਦੁਆਰਿਆਂ ਵਿੱਚੋਂ ਭ੍ਰਿਸ਼ਟ ਮਹੰਤਾਂ ਦਾ ਕਬਜ਼ਾ ਹਮੇਸ਼ਾ ਲਈ ਖ਼ਤਮ ਹੋ ਗਿਆ ਅਤੇ ਮਰਯਾਦਾ ਅਨੁਸਾਰ ਸੇਵਾ-ਸੰਭਾਲ ਸ਼ੁਰੂ ਹੋਈ।

ਪੰਡਿਤ ਜਵਾਹਰ ਲਾਲ ਨਹਿਰੂ ਨੇ ਇਸ ਮੋਰਚੇ ਬਾਰੇ ਕਿਹਾ ਸੀ ਕਿ ਉਨ੍ਹਾਂ ਨੇ ਸਿੱਖਾਂ ਤੋਂ “ਸ਼ਾਂਤਮਈ ਸਤਿਆਗ੍ਰਹਿ” ਦਾ ਅਸਲੀ ਮਤਲਬ ਸਿੱਖਿਆ ਹੈ। ਉਨ੍ਹਾਂ ਅਨੁਸਾਰ ਜਿੰਨੀ ਦ੍ਰਿੜਤਾ ਸਿੱਖਾਂ ਨੇ ਦਿਖਾਈ, ਉਹ ਬੇਮਿਸਾਲ ਸੀ। ਮੋਰਚੇ ਦੀ ਸਫਲਤਾ ਤੋਂ ਬਾਅਦ ਮਹਾਤਮਾ ਗਾਂਧੀ ਨੇ ਵੀ ਸ਼੍ਰੋਮਣੀ ਕਮੇਟੀ ਨੂੰ ਇੱਕ ਟੈਲੀਗਰਾਮ ਰਾਹੀਂ ਭੇਜੇ ਇਕ ਸੰਦੇਸ਼ ਵਿੱਚ ਲਿਖਿਆ ਸੀ ਕਿ ਭਾਰਤ ਦੀ ਆਜ਼ਾਦੀ ਦੀ ਪਹਿਲੀ ਲੜਾਈ ਜਿੱਤੀ ਗਈ ਹੈ, ਵਧਾਈਆਂ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਮੋਰਚਾ ਭਾਰਤ ਦੇ ਸਮੁੱਚੇ ਆਜ਼ਾਦੀ ਸੰਗਰਾਮ ਲਈ ਕਿੰਨੀ ਵੱਡੀ ਪ੍ਰੇਰਣਾ ਬਣਿਆ।

ਸ਼ਹੀਦੀ ਜੱਥੇ ਉਪਰ ਜਿਸ ਸਥਾਨ ‘ਤੇ ਗੋਲੀ ਚਲਾਈ ਗਈ ਸੀ ਉਸ ਜਗ੍ਹਾ ਉੱਪਰ ਗੁਰਦੁਆਰਾ ਟਿੱਬੀ ਸਾਹਿਬ ਉਸਾਰਿਆ ਗਿਆ ਹੈ ਅਤੇ ਇਸ ਗੁਰਦੁਆਰਾ ਸਾਹਿਬ ਵਿਖੇ ਹਰ ਸਾਲ ਅਖੰਡ ਪਾਠਾਂ ਦੀ ਇਕੋਤਰੀ ਚਲਾਈ ਜਾਂਦੀ ਹੈ ਅਤੇ 21 ਫਰਵਰੀ ਨੂੰ ਸ਼ਹੀਦੀ ਜੋੜ ਮੇਲਾ ਮਨਾਇਆ ਜਾਂਦਾ ਹੈ ਜਿਸ ਵਿਚ ਸ਼ਾਮਲ ਹੋ ਕੇ ਸੰਗਤਾਂ ਜੈਤੋ ਮੋਰਚੇ ਦੇ ਮਹਾਨ ਸ਼ਹੀਦਾਂ ਨੂੰ ਨਤਮਸਤਕ ਹੁੰਦੀਆਂ ਹਨ।

## ਬੋਲੀ ਹੈ ਪੰਜਾਬੀ ਸਾਡੀ



ਬੋਲੀ ਹੈ ਪੰਜਾਬੀ ਸਾਡੀ
ਅਸੀਂ ਹਾਂ ਇਸ ਦੇ ਵਾਰਸ,
ਸਿੱਖ ਲੈਂਦਾ ਹੈ ਜੋ ਵੀ ਇਸਨੂੰ
ਬਣ ਜਾਂਦਾ ਹੈ ਪਾਰਸ।

ਨਾਥ ਜੋਗੀਆਂ ਦੇ ਟਿੱਲਿਆਂ ਤੋਂ
ਇਸ ਨੇ ਆਪਣੀ ਹੋਂਦ ਬਣਾਈ,
ਗੁਰੂਆਂ ਇਸ ਨੂੰ ਮਾਂਜ ਸਵਾਰ ਕੇ
ਸੋਹਣੀ ਇਸਦੀ ਦਿੱਖ ਸਜਾਈ।

ਪੈਂਤੀ ਅੱਖਰੀ ਨਾਮ ਹੈ ਇਸਦਾ
ਗੁਰਮੁਖੀ ਲਿਪੀ ਵਿੱਚ ਸਮਾਈ,
ਮਾਂ ਬੋਲੀ ਦੀ ਜੋ ਸੇਵਾ ਕਰਦਾ
ਉਸ ਨੇ ਜਗ ਵਿੱਚ ਸੋਭਾ ਪਾਈ।

ਦੁੱਤ ਅੱਖਰ, ਮੁਹਾਰਨੀ ਅਤੇ ਲਗਾਖਰ
ਇਸਦਾ ਹਾਰ ਸ਼ਿੰਗਾਰ ਨੇ ਸਾਰੇ,
ਮਾਹੀਆ, ਟੱਪੇ ਅਤੇ ਅਖਾਉਤਾਂ
ਸਾਨੂੰ ਜਾਨੋ ਵੱਧ ਪਿਆਰੇ।

ਸਾਹਿਤਕਾਰ ਸਰਮਾਇਆ ਇਸਦਾ
ਕਵੀ ਨੇ ਇਸ ਦੀ ਜਿੰਦ ਤੇ ਜਾਨ,
ਬਾਣੀ ਅਨੁਸਾਰ ਜੀਵਨ ਚਲਦਾ
ਸੇਧ ਲੈਂਦਾ ਕੁੱਲ ਜਹਾਨ।

ਪੜ੍ਹੋ ਪੰਜਾਬੀ, ਲਿਖੋ ਪੰਜਾਬੀ, ਬੋਲੋ ਪੰਜਾਬੀ
ਸਾਡਾ ਸਭ ਦਾ ਇਹੋ ਨਾਅਰਾ,
ਬੋਲੀਆਂ ਦੇ ਵਿੱਚ ਇਹ ਰਹੇ ਚਮਕਦੀ
ਚਮਕੇ ਅਸਮਾਨੀ ਜਿਵੇਂ ਧਰੂ ਤਾਰਾ।

ਆਓ ਰਲ ਮਿਲ ਆਪਾਂ ਸਾਰੇ
ਅੱਜ ਦੇ ਦਿਨ ਪ੍ਰਣ ਇਹ ਕਰੀਏ,
ਧਰਮਿੰਦਰ ਦੇ ਨਾਲ ਮਿਲ ਕੇ ਸਾਰੇ
ਮਾਂ ਬੋਲੀ ਦਾ ਪ੍ਰਚਾਰ ਕਰੀਏ।

ਹਰ ਪੰਜਾਬੀ ਦੇ ਸਿਰ ‘ਤੇ ਹੱਥ ਹੈ ਰੱਖਣਾ
ਛੱਡਣਾ ਨਹੀਂ ਕੋਈ ਲਾਵਾਰਸ,
ਬੋਲੀ ਹੈ ਪੰਜਾਬੀ ਸਾਡੀ
ਅਸੀਂ ਹਾਂ ਇਸ ਦੇ ਵਾਰਸ

ਸਿੱਖ ਲੈਂਦਾ ਹੈ ਜੋ ਵੀ ਇਸ ਨੂੰ
ਬਣ ਜਾਂਦਾ ਹੈ ਪਾਰਸ।

ਵਰਲਡ ਪੰਜਾਬੀ ਟਾਈਮਜ਼
ਧਰਮਿੰਦਰ ਸਿੰਘ

## ਆਓ! ਪੰਜਾਬੀ ਮਾਂ ਬੋਲੀ ਦੇ ਦੀਵੇ ਨੂੰ ਬਲਦਾ ਰੱਖੀਏ ( ਅੰਤਰ-ਰਾਸ਼ਟਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ)




ਵਰਲਡ ਪੰਜਾਬੀ ਟਾਈਮਜ਼
ਬਲਵੀਰ ਸਿੰਘ ਬਾਸੀਆਂ

ਭਾਸ਼ਾਈ ਤੇ ਸੱਭਿਆਚਾਰਕ ਵੰਨ-ਸੁਵੰਨਤਾ ਨੂੰ ਬਰਕਰਾਰ ਰੱਖਣ ਅਤੇ ਬਹੁ-ਭਾਸ਼ਾਈਵਾਦ ਨੂੰ ਉਤਸ਼ਾਹਿਤ ਕਰਨ ਹਿੱਤ ਹਰ ਸਾਲ 21 ਫਰਵਰੀ ਨੂੰ ਅੰਤਰ-ਰਾਸ਼ਟਰੀ ਮਾਂ ਬੋਲੀ ਦਿਵਸ ਪੂਰੀ ਦੁਨੀਆਂ ਭਰ ਵਿੱਚ ਮਨਾਇਆ ਜਾਂਦਾ ਹੈ। ਅੰਤਰ-ਰਾਸ਼ਟਰੀ ਸੰਸਥਾ ਯੂਨੈਸਕੋ ਦੁਆਰਾ 17 ਨਵੰਬਰ 1999 ਨੂੰ ਇਹ ਦਿਹਾੜਾ ਮਨਾਉਣ ਬਾਰੇ ਫੈਸਲਾ ਕੀਤਾ ਗਿਆ ਸੀ ਇਸ ਦਿਹਾੜੇ ਦੇ ਪਿਛੋਕੜ ਬਾਰੇ ਥੋੜੀ ਘੋਖ ਪੜਤਾਲ ਕਰਨ ਤੇ ਪਤਾ ਚੱਲਦਾ ਹੈ ਕਿ ਇਸ ਦਾ ਇਤਿਹਾਸ ਕਿਤੇ ਨਾ ਕਿਤੇ 1952 ਦੀ 21 ਫਰਵਰੀ ਨੂੰ ਢਾਕਾ ਵਿੱਚ ਹੋਏ ਵਿਦਿਆਰਥੀ ਸੰਘਰਸ਼ ਨਾਲ ਵੀ ਜੁੜਿਆ ਹੋਇਆ ਹੈ, ਜਿਸ ਵਿੱਚ ਬੰਗਾਲੀ ਭਾਸ਼ਾ ਨੂੰ ਇੱਕ ਰਾਸ਼ਟਰੀ ਭਾਸ਼ਾ ਵਜੋਂ ਮਾਨਤਾ ਦਿਵਾਉਣ ਲਈ ਮੁਜਾਹਰਾ ਕੀਤਾ ਗਿਆ ਸੀ, ਜਿਸ ਵਿੱਚ ਕਾਫੀ ਵਿਦਿਆਰਥੀਆਂ ਦੀ ਪੁਲਸ ਗੋਲ਼ੀ ਨਾਲ ਮੌਤ ਹੋ ਗਈ ਸੀ। ਇਸ ਤਰ੍ਹਾਂ ਦੇਖਿਆ ਜਾਵੇ ਤਾਂ ਇਸ ਦਿਹਾੜੇ ਪਿੱਛੇ ਇੱਕ ਵੱਡਾ ਕੁਰਬਾਨੀ ਵਾਲਾ ਇਤਿਹਾਸ ਵੀ ਖੜਾ ਹੈ ਕਿ ਆਪਣੀ ਮਾਂ- ਬੋਲੀ ਨੂੰ ਜਿੰਦਾ ਰੱਖਣ ਖਾਤਰ ਲੋਕ ਸ਼ਹੀਦ ਵੀ ਹੁੰਦੇ ਹਨ। ਤਾਂ ਹੀ ਕਿਹਾ ਜਾਂਦਾ ਹੈ ਕਿ ਮਾਂ ਬੋਲੀ ਸਾਡੇ ਵਜੂਦ ਦਾ, ਸਾਡੀ ਸਖਸ਼ੀਅਤ ਦਾ ਇੱਕ ਅਟੁੱਟ ਅੰਗ ਹੈ

ਮਾਂ ਬੋਲੀ ਨੂੰ ਭੁੱਲ ਜਾਓਗੇ

ਕੱਖਾਂ ਵਾਂਗੂੰ ਰੁਲ ਜਾਓਗੇ।

ਜਿੱਥੇ ਧਰਮ ਦਾ ਵਿਸ਼ਵਾਸ ਹਰ ਇੱਕ ਦਾ ਨਿੱਜੀ ਮਸਲਾ ਹੋ ਸਕਦਾ ਹੈ, ਉੱਥੇ ਮਾਂ ਬੋਲੀ ਉਸ ਇਲਾਕੇ ਦੇ ਲੋਕਾਂ ਨੂੰ ਆਪਸ ਵਿੱਚ ਜੋੜਦੀ ਹੈ, ਉਹਨਾਂ ਦੀ ਸਾਂਝ ਬਣਦੀ ਹੈ, ਪਛਾਣ ਬਣਦੀ ਹੈ, ਕੌਮੀਅਤ ਬਣਦੀ ਹੈ। ਡਾ ਅਮਨਦੀਪ ਸਿੰਘ ਦੇ ਸ਼ਬਦ

ਮਾਂ ਬੋਲੀ ਦੀਆਂ ਟਾਹਣੀਆਂ ਉੱਤੇ

ਨਿੱਤ ਹੀ ਕੋਇਲਾਂ ਕੂਕਦੀਆਂ।

ਜੜ੍ਹਾਂ ਨੂੰ ਪੈ ਗੀ ਵਲੈਤੀ ਸੁੰਡੀ

ਦਵਾ-ਦਾਰੂ ਕੋਈ ਉਡੀਕਦੀਆਂ।

ਉਪਰੋਕਤ ਸ਼ਬਦ ਕਿਤੇ ਨਾਂ ਕਿਤੇ ਸਾਡੇ ਅਜੋਕੇ ਸਮੇਂ ਵਿੱਚ ਪੂਰੇ ਢੁਕਦੇ ਜਾਪ ਰਹੇ ਹਨ। ਅੱਜ ਸਾਡੇ ਪੰਜਾਬੀ ਲਾਣੇ ਦੀ ਬੋਲ- ਬਾਣੀ ਚ ਵੀ ਹਿੰਦੀ- ਅੰਗਰੇਜੀ ਟੱਚ ਜਿਆਦਾ ਹੀ ਵਧਦਾ ਜਾ ਰਿਹਾ ਹੈ।ਇੱਥੇ ਮੈਂ ਕਿਸੇ ਭਾਸ਼ਾ ਨੂੰ ਸਿੱਖਣ ਦਾ ਵਿਰੋਧ ਨਹੀਂ ਕਰ ਰਿਹਾ, ਹਰ ਭਾਸ਼ਾ ਦਾ ਸਤਿਕਾਰ ਕਰਨਾ ਚਾਹੀਦਾ ਹੈ, ਸਿੱਖਣੀ ਚਾਹੀਦੀ ਹੈ, ਪਰ ਆਪਣੀ ਮਾਤ ਭਾਸ਼ਾ ਨੂੰ ਭੁੱਲਣਾ ਵੀ ਨਹੀਂ ਚਾਹੀਦਾ। ਇਤਿਹਾਸ ਗਵਾਹ ਹੈ ਕਿ ਜਿਹੜੀਆਂ ਕੌਮਾਂ ਆਪਣਾ ਸੱਭਿਆਚਾਰ ਵਿਰਸਾ- ਬੋਲੀ ਭੁੱਲ ਜਾਂਦੀਆਂ ਹਨ, ਉਹ ਕੌਮਾਂ ਨੂੰ ਖਤਮ ਹੋਣ ਲੱਗਿਆਂ ਦੇਰ ਨਹੀਂ ਲੱਗਦੀ।
ਅੱਜ ਅਸੀਂ ਦੂਜਿਆਂ ਸਾਹਮਣੇ ਆਪਣੇ ਆਪ ਨੂੰ ਬਹੁਤਾ ਪੜਿਆ-ਲਿਖਿਆ ਦਿਸਣ ਖਾਤਰ ਅੰਗਰੇਜੀ ਨੂੰ ਮੂੰਹ ਮਾਰਦੇ ਹਾਂ। ਆਪਣੀ ਠੇਠ ਬੋਲੀ ਵਿੱਚ ਗੱਲਬਾਤ ਕਰਨ ਵਾਲੇ ਨੂੰ ਦਿਹਾਤੀ/ ਅਨਪੜ੍ਹ ਸਮਝਿਆ ਜਾਂਦਾ ਹੈ । ਮੇਰੇ ਵਰਗਾ ‘ਕਮੀਜ’ ਨੂੰ ‘ਝੱਗਾ’ ਕਹਿ ਦੇਵੇ ਤਾਂ ਦੂਜੇ ਦੇ ਗੋਲ਼ੀ ਵਾਂਗ ਲੱਗਦਾ ਹੈ। ਅੱਜ ਕੱਲ੍ਹ ਰਿਸ਼ਤੇ-ਨਾਤਿਆਂ ਚ ਵੀ ਅਸੀਂ ਪੁਰਾਣੇ ਸ਼ਬਦਾਂ ਨੂੰ ਅਲੋਪ ਕਰ ਰਹੇ ਹਾਂ। ਮਾਮੇ ਨੂੰ ਮਾਮੂੰ, ਨਾਨੇ ਨੂੰ ਨਾਨੂੰ, ਚਾਚੇ ਨੂੰ ਚਾਚੂ, ਤਾਏ ਨੂੰ ਤਾਊ ਜਾਂ ਵੱਡਾ ਪਾਪਾ, ਭੂਆ ਨੂੰ ਭੂਈ, ਫੁੱਫੜ ( ਜਿਸ ਨੂੰ ਆਖਣ ਨਾਲ ਮੂੰਹ ਭਰ ਜਾਂਦਾ ਹੈ) ਨੂੰ ਫੁੱਫੂ ਬਣਾ ਛੱਡਿਆ ਹੈ। ਇਸੇ ਤਰ੍ਹਾਂ ਦਾਦੀ ਨੂੰ ਵੱਡੀ ਮੰਮਾ, ਦਾਦੇ ਨੂੰ ਵੱਡੇ ਪਾਪਾ ਕਹਿਣ ਚ ਅਸੀਂ ਪੜੇ-ਲਿਖੇ ਸ਼ਹਿਰੀ ਹੋਣ ਦਾ ਮਾਣ ਸਮਝਦੇ ਹਾਂ। ਸੱਸ-ਸਹੁਰੇ ਨੂੰ ਵੀ ਅਸੀਂ ਇੱਧਰਲੇ-ਉਧਰਲੇ ਪਾਪਾ-ਮੰਮੀ ਹੀ ਬਣਾ ਲਿਆ ਹੈ। ਪਤਿਓਰੇ ਜਾਂ ਪਤੀਸ ਨੂੰ ਚਾਚਾ ਸਹੁਰਾ/ਚਾਚੀ ਸੱਸ, ਨਣਦ-ਨਣਦੋਈਏ ਨੂੰ ਅਸੀਂ ਦੀਦੀ/ ਭਾ ਜੀ ਤੱਕ ਸੀਮਤ ਕਰ ਲਿਆ ਹੈ। ਕਿਤੇ-ਕਿਤੇ ਚਾਚੇ,ਤਾਏ, ਮਾਸੜ, ਫੁੱਫੜ ਆਲੇ ਰਿਸ਼ਤਿਆਂ ਨੂੰ ਬੱਚਿਆਂ ਨੇ ਅੰਕਲ/ਆਂਟੀ ਤੱਕ ਸੀਮਤ ਕਰ ਲਿਆ ਹੈ। ਅਜੋਕੀ ਪੀੜੀ ਦੇ ਨਾਵਾਂ ਚ ਬਹੁਤਿਆਂ ਦੇ ਨਾਵਾਂ ਨਾਲੋਂ ਸਿੰਘ ਜਾਂ ਕੌਰ ਸ਼ਬਦ ਹਟਾ ਕੇ ਛੋਟੇ ਨਾਵਾਂ ਨਾਲ ਗੋਤ ਲਗਾ ਛੱਡਿਆ ਹੈ। ਬੰਤਾ ਸਿੰਘ, ਕਰਨੈਲ ਸਿੰਘ, ਜਰਨੈਲ ਸਿੰਘ, ਭੂਰਾ ਸਿੰਘ, ਕਿੱਕਰ ਸਿੰਘ, ਪਹਾੜ ਸਿੰਘ, ਗਰਜਾ ਸਿੰਘ, ਬੋਤਾ ਸਿੰਘ, ਜੰਗ ਸਿੰਘ, ਭੀਮਾ ਸਿੰਘ, ਕੇਹਰ ਸਿੰਘ, ਬਾਬੂ ਸਿੰਘ, ਕਪੂਰਾ ਸਿੰਘ, ਗਿੰਦਰ ਸਿੰਘ, ਮੀਤਾ ਸਿੰਘ ਵਰਗੇ ਪੰਜਾਬੀ ਨਾਂ ਕਿਧਰੇ ਦੇਖਣ-ਸੁਣਨ ਨੂੰ ਨਹੀਂ ਮਿਲਦੇ।
ਬਾਬਾ ਨਜ਼ਮੀ ਆਖਦੇ ਨੇ

ਆਪਣੀ ਬੋਲੀ ਬੋਲਣ ਵੇਲੇ

ਸਾਹ ਜਿੰਨ੍ਹਾ ਦਾ ਘੁਟਦਾ ਏ।

ਬਾਬਾ ਨਜ਼ਮੀ ਦੇ ਦੇ ਫਤਵਾ

ਉਹ ਗੱਦਾਰ ਪੰਜਾਬੀ ਨੇ।

ਪਹਿਲੇ ਜਮਾਨਿਆਂ ਚ ਜਦ ਕਿਸੇ ਘਰ ਚ ਮੌਤ ਹੋ ਜਾਂਦੀ ਸੀ ਤਾਂ ਔਰਤਾਂ ਘੁੰਢ ਕੱਢ ਕੇ ਰੋਂਦੀਆਂ/ਵੈਣ ਪਾਉਂਦੀਆਂ ਸਨ। ਰਸੂਲ ਹਮਜਾਤੋਵ ਦੀ ਰਚਨਾ ” ਮੇਰਾ ਦਾਗਿਸਤਾਨ ” ਚ ਜਦੋਂ ਇੱਕ ਪਾਤਰ ਆਪਣੀ ਰੋਜੀ-ਰੋਟੀ ਖਾਤਰ ਵਿਦੇਸ਼ ਚ ਜਾਂਦਾ ਹੈ ਤੇ ਲੰਮੇ ਸਮੇਂ ਬਾਅਦ ਆਪਣੀ ਬੋਲੀ ਭੁੱਲ ਕੇ ਘਰ ਆਉਂਦਾ ਹੈ ਤਾਂ ਅੱਗੋਂ ਮਾਂ ਘੁੰਢ ਕੱਢ ਕੇ ਆਪਣਾ ਰੋਸ ਇਜਹਾਰ ਕਰਦੀ ਹੈ ਕਿ ਮੇਰੇ ਵੱਲੋਂ ਤੂੰ ਮਰ ਚੁੱਕਿਐਂ। ਅਜਿਹੀਆਂ ਲਿਖਤਾਂ ਕਿਤੇ ਨਾਂ ਕਿਤੇ ਸਾਨੂੰ ਮਾਂ ਬੋਲੀ ਚ ਪਕੇਰਿਆਂ ਹੋਣ ਲਈ ਪ੍ਰੇਰਿਤ ਕਰਦੀਆਂ ਪ੍ਰਤੀਤ ਹੁੰਦੀਆਂ ਹਨ।

ਅੱਜ ਵੀ ਸਮੇਂ ਦੀ ਲੋੜ ਹੈ ਕਿ ਜਿੱਥੇ ਸਿਸਟਮ ਤੇ ਕਾਬਜ ਧਿਰਾਂ, ਨਿੱਜੀ ਸਕੂਲਾਂ ਦੀ ਧਿਰ ਨੂੰ ਵੱਡਿਆਂ ਕਰਨ ਵੱਲ ਲੱਗੀਆਂ ਹੋਈਆਂ ਹਨ ਤੇ ਉਹਨਾਂ ਸਕੂਲਾਂ ਵਿੱਚ ਕਿਤੇ ਨਾਂ ਕਿਤੇ ਮਾਂ ਬੋਲੀ ਪੰਜਾਬੀ ਬੋਲਣ ਤੇ ਅਛੋਪਲੀ ਪਾਬੰਦੀ ਵੀ ਲਗਾ ਰਹੀਆਂ ਹਨ। ਸਾਨੂੰ ਆਪਣੇ ਘਰਾਂ ਵਿੱਚ ਵੀ ਲੋਕਾਚਾਰੀ ਦੀ ਫੋਕੀ ਟੌਹਰ ਤੋਂ ਉਤਾਂਹ ਉੱਠ ਬੱਚਿਆਂ ਨੂੰ ਜਿੱਥੇ ਨੇੜਲੇ ਰਿਸ਼ਤੇ-ਨਾਤਿਆਂ ਬਾਰੇ ਠੇਠ ਬੋਲੀ ਚ ਜਾਣਕਾਰ ਬਣਾਉਣ ਦੀ ਲੋੜ ਹੈ, ਉੱਥੇ ਪੰਜਾਬੀ ਸਾਹਿਤ ਨੂੰ ਵੱਧ ਤੋਂ ਵੱਧ ਪ੍ਰਫੁੱਲਿਤ ਕਰਨ ਦੀ ਵੀ ਲੋੜ ਹੈ ਤਾਂ ਹੀ ਸਾਡੇ ਮੂੰਹੋਂ ਬਾਬਾ ਨਜ਼ਮੀ ਦੇ ਹੇਠ ਲਿਖੇ ਸ਼ਬਦਾਂ ਵਾਂਗ ਮਾਂ ਬੋਲੀ ਦਿਵਸ ਨੂੰ ਮੁਬਾਰਕਬਾਦ ਕਹਿਣਾ ਸੋਭਦੈ, ਜਿਵੇਂ

ਅੱਖਰਾਂ ਵਿਚ ਸਮੁੰਦਰ ਰੱਖਾਂ

ਮੈਂ ਇਕਬਾਲ ਪੰਜਾਬੀ ਦਾ।

ਝੱਖੜਾਂ ਦੇ ਵਿੱਚ ਰੱਖ ਦਿੱਤਾ ਏ

ਦੀਵਾ ਬਾਲ ਪੰਜਾਬੀ ਦਾ।

ਆਓ ਸਾਰੇ ਪੰਜਾਬੀ ਮਾਂ ਬੋਲੀ ਦੇ ਦੀਵੇ ਬਲ਼ਦੇ ਰੱਖੀਏ।

ਜਿੰਦਗੀ ਜਿੰਦਾਬਾਦ।